**1100/Beant kaur**

# PUNJAB VIDHAN SABHA

*Thursday, the 22nd October, 2026*

*The Vidhan Sabha met in the Punjab Vidhan Sabha Hall, Vidhan Bhavan, Sector-1, Chandigarh at 11.00 A.M. Mr. Speaker (Sardar Kultar Singh Sandhwan) in the Chair.*

-------------

## OBITUARY REFERENCES

**ਮਾਣਯੋਗ ਸਪੀਕਰ**: ਪੰਜਾਬ ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਹੁਣ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਕੋਲੋਂ ਵਿਛੜ ਗਈਆਂ ਹਨ। ਅਸੀਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇਕੱਤਰ ਹੋਏ ਹਾਂ।

ਕੁਝ ਅਜਿਹੀਆਂ ਸ਼ਖਸੀਅਤਾਂ, ਜੋ ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ, ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੇ ਹੋਏ, ਸਾਨੂੰ ਹਮੇਸ਼ਾ ਲਈ ਸਦੀਵੀ ਵਿਛੋੜਾ ਦੇ ਗਈਆਂ ਹਨ। ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਸ਼ਰਧਾਂਜ਼ਲੀ ਭੇਟ ਕਰੀਏ।

ਸ੍ਰੀ ਚੂਨੀ ਲਾਲ ਭਗਤ, ਇਸ ਵਿਧਾਨ ਸਭਾ ਦੇ ਸਾਬਕਾ ਡਿਪਟੀ ਸਪੀਕਰ ਅਤੇ ਸਾਬਕਾ ਮੰਤਰੀ ਸਾਨੂੰ ਮਿਤੀ 10 ਸਤੰਬਰ, 2026 ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਜਨਮ ਮਿਤੀ 01 ਦਸੰਬਰ, 1932 ਨੂੰ ਸਿਆਲਕੋਟ, ਹੁਣ ਪਾਕਿਸਤਾਨ ਵਿਖੇ ਹੋਇਆ। ਉਹ ਸਾਲ 1997, 2007 ਅਤੇ 2012 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਨ੍ਹਾਂ ਵੱਲੋਂ ਸਾਲ 2011 ਵਿੱਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਵਜੋਂ ਸੇਵਾਵਾਂ ਨਿਭਾਈਆਂ ਗਈਆਂ। ਇਸ ਤੋਂ ਇਲਾਵਾ, ਉਹ ਸਥਾਨਕ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਮੰਤਰੀ ਵੀ ਰਹੇ। ਉਨ੍ਹਾਂ ਵੱਲੋਂ ਪੰਜਾਬ ਵਿਧਾਨ ਸਭਾ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਵਜੋਂ ਵੀ ਸੇਵਾਵਾਂ ਨਿਭਾਈਆਂ ਗਈਆਂ। ਉਹ ਇਸ ਵਿਧਾਨ ਸਭਾ ਦੇ ਮੌਜੂਦਾ ਮੈਂਬਰ ਅਤੇ ਮਾਣਯੋਗ ਮੰਤਰੀ, ਸ੍ਰੀ ਮੋਹਿੰਦਰ ਭਗਤ ਦੇ ਸਤਿਕਾਰਯੋਗ ਪਿਤਾ ਸਨ। ਇਹ ਸਦਨ ਸ੍ਰੀ ਮੋਹਿੰਦਰ ਭਗਤ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਾ ਹੈ।

ਸਰਦਾਰ ਵਰਿੰਦਰ ਸਿੰਘ ਬਾਜਵਾ, ਸਾਬਕਾ ਰਾਜ ਸਭਾ ਮੈਂਬਰ ਵੀ ਸਾਨੂੰ ਮਿਤੀ 12 ਸਤੰਬਰ, 2026 ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਜਨਮ ਮਿਤੀ 15 ਫਰਵਰੀ, 1945 ਨੂੰ ਲਾਇਲਪੁਰ, ਹੁਣ ਪਾਕਿਸਤਾਨ ਵਿਖੇ ਹੋਇਆ ਸੀ। ਉਹ ਸਾਲ 2004 ਵਿੱਚ ਭਾਰਤੀ ਸੰਸਦ ਦੇ ਉੱਪਰਲੇ ਸਦਨ, ਰਾਜ ਸਭਾ ਦੇ ਮੈਂਬਰ ਚੁਣੇ ਗਏ ਅਤੇ ਉਨ੍ਹਾਂ ਵਲੋਂ ਸੰਸਦ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਵਜੋਂ ਸੇਵਾਵਾਂ ਨਿਭਾਈਆਂ ਗਈਆਂ। ਇਸ ਤੋਂ ਇਲਾਵਾ ਉਹ ਭਾਰਤ ਸਰਕਾਰ ਦੀਆਂ ਵੱਖ ਵੱਖ ਮੰਤਰਾਲਿਆਂ ਦੀਆਂ ਸਲਾਹਕਾਰ ਕਮੇਟੀਆਂ ਦੇ ਮੈਂਬਰ ਵੀ ਰਹੇ।

**1105/Karamjit kaur**

ਸਰਦਾਰ ਰਣਜੀਤ ਸਿੰਘ, ਸਾਬਕਾ ਵਿਧਾਇਕ ਵੀ ਸਾਨੂੰ ਮਿਤੀ 28 ਅਗਸਤ, 2026 ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਜਨਮ ਮਿਤੀ 01 ਅਪ੍ਰੈਲ, 1948 ਨੂੰ ਪਿੰਡ ਵਰਿਆਮ ਨੰਗਲ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਹੋਇਆ ਸੀ। ਉਹ ਸਾਲ 1992 ਵਿੱਚ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ ਅਤੇ ਉਨ੍ਹਾਂ ਵੱਲੋਂ ਪੰਜਾਬ ਵਿਧਾਨ ਸਭਾ ਦੀਆਂ ਵੱਖ-ਵੱਖ ਕਮੇਟੀਆਂ ਦੇ ਮੈਂਬਰ ਵਜੋਂ ਸੇਵਾਵਾਂ ਨਿਭਾਈਆਂ ਗਈਆਂ।

ਡਾਕਟਰ ਰਤਨ ਲਾਲ ਮਿੱਤਲ, ਉੱਘੇ ਡਾਕਟਰ ਵੀ ਸਾਨੂੰ ਮਿਤੀ 26 ਅਗਸਤ, 2026 ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦਾ ਜਨਮ ਮਿਤੀ 23 ਅਪ੍ਰੈਲ, 1937 ਨੂੰ ਕੋਟਕਪੂਰਾ, ਜ਼ਿਲ੍ਹਾ ਫਰੀਦਕੋਟ ਵਿਖੇ ਹੋਇਆ ਸੀ। ਉਨ੍ਹਾਂ ਵੱਲੋਂ ਡਾਇਰੈਕਟਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਵਜੋਂ ਸੇਵਾਵਾਂ ਨਿਭਾਈਆਂ ਗਈਆਂ। ਉਨ੍ਹਾਂ ਵੱਲੋਂ ਆਰਥੋਪੈਡਿਕ ਅਤੇ ਕਲੱਬਫੁੱਟ ਸਰਜਰੀਆਂ ਵਿੱਚ ਪਾਏ ਸ਼ਾਨਦਾਰ ਰੋਲ ਕਰਕੇ ਉਨ੍ਹਾਂ ਨੂੰ ਸਾਲ 2021 ਵਿੱਚ ਪਦਮ ਸ੍ਰੀ ਅਤੇ ਡਾਕਟਰ ਸੀ.ਬੀ.ਰਾਏ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਸਮੁੱਚੇ ਪੰਜਾਬ ਵਿੱਚ ਨਸ਼ੇ ਦੀ ਬੁਰੀ ਅਲਾਮਤ ਵਿਰੁੱਧ ਨੌਜਵਾਨਾਂ ਅਤੇ ਬੱਚਿਆਂ ਨੂੰ ਜਾਗਰੂਕ ਕਰਨ ਅਤੇ ਇਸ ਨਸ਼ਾ ਰੂਪੀ ਜ਼ਹਿਰ ਨੂੰ ਵੇਚਣ ਵਾਲਿਆਂ ਵਿਰੁੱਧ ਜੂਝਣ ਵਾਲੀ ਬੁਲੰਦ ਆਵਾਜ਼, ਸਮਾਜਿਕ ਕਾਰ-ਕੁੰਨ, ਸਾਬਕਾ ਕਬੱਡੀ ਖਿਡਾਰੀ ਅਤੇ ਬੌਕਸਰ ਸਰਦਾਰ ਪਰਵਿੰਦਰ ਸਿੰਘ ਉਰਫ ਝੋਟਾ ਵੀ ਮਿਤੀ 13 ਅਕਤੂਬਰ, 2026 ਨੂੰ ਇੱਕ ਦੁੱਖਦਾਈ ਘਟਨਾ ਵਿੱਚ ਸਾਨੂੰ ਸਾਰਿਆਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਉਨ੍ਹਾਂ ਵੱਲੋਂ ਪਾਇਆ ਗਿਆ ਅਣਮੁੱਲਾ ਯੋਗਦਾਨ ਅਤੇ ਨਸ਼ਾ ਤਸਕਰਾਂ ਵਿਰੁੱਧ ਡੱਟਵਾਂ ਸੰਘਰਸ਼ ਹਮੇਸ਼ਾ ਇਤਿਹਾਸ ਦੇ ਪੰਨਿਆਂ ਵਿੱਚ ਅਮਰ ਰਹੇਗਾ। ਉਨ੍ਹਾਂ ਦੀ ਇਸ ਮਹਾਨ ਦੇਣ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੇ ਇਸ ਨਿਰਸੁਆਰਥ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਣਗੀਆਂ। ਸਮੂਹ ਸਦਨ, ਇਸ ਦੁਖਦਾਈ ਘਟਨਾ ਦੀ ਘੋਰ ਨਿੰਦਾ ਕਰਦਾ ਹੋਇਆ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਾ ਹੈ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵੱਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖ਼ਸੀਅਤਾਂ ਦੇ ਪਦ-ਚਿੰਨ੍ਹਾਂ 'ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

ਪਿਛਲੇ ਦਿਨੀਂ ਸੰਗਰੂਰ ਜ਼ਿਲ੍ਹੇ ਵਿੱਚ ਗਰੀਬ ਪਰਿਵਾਰਾਂ ਨਾਲ ਸਬੰਧਤ 8 ਮਗਨਰੇਗਾ ਮਜ਼ਦੂਰ ਸੜਕੀ ਦੁਰਘਟਨਾ ਵਿੱਚ ਸਾਨੂੰ ਹਮੇਸ਼ਾ ਲਈ ਸਦੀਵੀ ਵਿਛੋੜਾ ਦੇ ਗਏ ਹਨ। ਮੈਨੂੰ ਇਹ ਬੜੇ ਦੁੱਖ ਨਾਲ ਦੱਸਣਾ ਪੈ ਰਿਹਾ ਹੈ ਕਿ ਉਨ੍ਹਾਂ ਵਿੱਚ ਇੱਕ ਗਰਭਵਤੀ ਇਸਤਰੀ ਵੀ ਸੀ।

ਇਨ੍ਹਾਂ ਤੋਂ ਇਲਾਵਾ ਸਦਨ ਦੇ ਮੌਜੂਦਾ ਮੈਂਬਰ, ਸਰਦਾਰ ਮਨਜੀਤ ਸਿੰਘ ਬਿਲਾਸਪੁਰ ਦੇ ਬਹੁਤ ਹੀ ਸਤਿਕਾਰਯੋਗ ਮਾਤਾ ਸ੍ਰੀਮਤੀ ਵਿਦਿਆ ਕੌਰ ਜੀ ਵੀ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ।

ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਵਿਛੜੀਆਂ ਸ਼ਖ਼ਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ, ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ।

----------------

## REGARDING CONVEYANCE OF CONDOLENCE MESSAGES TO BEREAVED FAMILIES OF THE DEPARTED SOULS AND POSTPONMENT OF STARRED QUESTIONS FOR 22.10.2026

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖ਼ਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣ ਅਤੇ ਪਿਛਲੀਆਂ ਪ੍ਰਥਾਵਾਂ ਅਨੁਸਾਰ ਵਿਛੜੀਆਂ ਸ਼ਖ਼ਸੀਅਤਾਂ ਦੀ ਯਾਦ ਵਿੱਚ ਅੱਜ ਦੀ ਕਾਰਵਾਈ ਸਥਗਿਤ ਕਰ ਦਿੱਤੀ ਜਾਵੇ ਅਤੇ ਅੱਜ ਨਿਸ਼ਾਨ ਵਾਲੇ ਪ੍ਰਸ਼ਨਾਂ ਦੀ ਸੂਚੀ ਵਿੱਚ ਦਰਜ ਪ੍ਰਸ਼ਨਾਂ ਨੂੰ ਕੱਲ੍ਹ ਦੀ ਬੈਠਕ ਵਿੱਚ ਟੇਕ-ਅੱਪ ਕਰ ਲਿਆ ਜਾਵੇ।

**(ਅਵਾਜ਼ਾਂ: ਹਾਂ ਜੀ, ਹਾਂ ਜੀ)**

ਹੁਣ ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਸ਼ਖ਼ਸੀਅਤਾਂ/ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੌਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਸਮੂਹ ਹਾਜ਼ਰ ਮੈਂਬਰ ਸਾਹਿਬਾਨ ਨੇ ਵਿਛੜੀਆਂ ਸ਼ਖ਼ਸੀਅਤਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕੀਤਾ ।)

(ਸਦਨ ਵਿੱਚ ਸਮੂਹ ਮੈਂਬਰਾਂ ਦੁਆਰਾ ਮੌਨ ਧਾਰਨ ਕਰਨ ਦੇ ਸਮੇਂ ਦੌਰਾਨ ਹੀ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੈਂਬਰ, ਸ਼੍ਰੀ ਸੁਖਵਿੰਦਰ ਸਿੰਘ ਕੋਟਲੀ ਆਪਣੀ ਸੀਟ ਤੇ ਖੜ੍ਹੇ ਹੋ ਕੇ ਬਿਨਾਂ ਆਗਿਆ ਤੋਂ ਕੁਝ ਹੋਰ ਨਾਵਾਂ ਨੂੰ ਸ਼ੋਕ ਪ੍ਰਸਤਾਵ ਵਿੱਚ ਸ਼ਾਮਲ ਕਰਨ ਤੇ ਸ਼ਰਧਾਂਜਲੀ ਦੇਣ ਦੀ ਮੰਗ ਕਰ ਰਹੇ ਸਨ ।)

**ਮਾਣਯੋਗ ਸਪੀਕਰ :** ਵਾਹਿਗੁਰੂ। ਸਦਨ ਕੱਲ੍ਹ ਮਿਤੀ 23.10.2026 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੁੰਦਾ ਹੈ।

*11.10 ਵਜੇ ਪੂਰਵ ਦੁਪਹਿਰ। (*ਇਸ ਉਪਰੰਤ ਸਦਨ ਮਿਤੀ 23.10.2026 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।)

--------